ਆਸਾ ਮਹਲਾ ੪ ॥ ਜਨਮੁ ਪਦਾਰਥੁ ਪਾਇ ਨਾਮੁ ਧਿਆਇਆ ॥ ਗੁਰ ਪਰਸਾਦੀ ਬੁਝਿ ਸਚਿ ਸਮਾਇਆ ॥੧॥ ਜਿਨ੍ ਧੁਰਿ ਲਿਖਿਆ ਲੇਖੁ ਤਿਨ੍ਹੀ ਨਾਮੁ ਕਮਾਇਆ ॥ ਦਰਿ ਸਚੈ ਸਚਿਆਰ ਮਹਲਿ ਬੁਲਾਇਆ ॥੧॥ ਰਹਾਉ ॥ ਅੰਤਰਿ ਨਾਮੁ ਨਿਧਾਨੁ ਗੁਰਮੁਖਿ ਪਾਈਐ ॥ ਅਨਦਿਨੁ ਨਾਮੁ ਧਿਆਇ ਹਰਿ ਗੁਣ ਗਾਈਐ ॥੨॥ ਅੰਤਰਿ ਵਸਤੁ ਅਨੇਕ ਮਨਮੁਖਿ ਨਹੀ ਪਾਈਐ ॥ ਹਉਮੈ ਗਰਬੈ ਗਰਬੁ ਆਪਿ ਖੁਆਈਐ ॥ ੩॥ ਨਾਨਕ ਆਪੇ ਆਪਿ ਆਪਿ ਖੁਆਈਐ ॥ ਗੁਰਮਤਿ ਮਨਿ ਪਰਗਾਸੁ ਸਚਾ ਪਾਈਐ ॥੪॥੧੩॥੬੫॥ {ਪੰਨਾ 369}

ਪਦਅਰਥ:- ਪਦਾਰਥੁ—ਕੀਮਤੀ ਵਸਤ। ਪਾਇ—ਪ੍ਰਾਪਤ ਕਰ ਕੇ। ਪਰਸਾਦੀ—ਪਰਸਾਦਿ, ਕਿਰਪਾ ਨਾਲ। ਬੁਝਿ—ਸਮਝ ਕੇ, ਕਦਰ ਸਮਝ ਕੇ। ਸਚਿ—ਸਦਾ-ਥਿਰ ਪ੍ਰਭੂ ਵਿਚ।1।

ਧੁਰਿ—ਧੁਰੋਂ ਪ੍ਰਭੂ ਦੇ ਹੁਕਮ ਨਾਲ। ਤਿਨੀ—ਉਹਨਾਂ ਨੇ ਹੀ। ਦਰਿ ਸਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ। ਸਚਿਆਰ—ਸੁਰਖ਼ਰੂ। ਮਹਲਿ—ਪ੍ਰਭੂ ਦੀ ਹਜ਼ੂਰੀ ਵਿਚ।1। ਰਹਾਉ।

ਅੰਤਰਿ—(ਸਭ ਦੇ) ਅੰਦਰ। ਨਿਧਾਨੁ—ਖ਼ਜ਼ਾਨਾ। ਗੁਰਮੁਖਿ—ਗੁਰੂ ਦੀ ਸਰਨ ਪਿਆਂ। ਅਨਦਿਨੁ—ਹਰ ਰੋਜ਼ {Anuidnwz}। ਗਾਈਐ—ਆਓ ਗਾਵੀਏ।2।

ਵਸਤੁ—ਨਾਮ-ਪਦਾਰਥ। ਅਨੇਕ—ਅਨੇਕਾਂ ਗੁਣ। ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਿਆਂ। ਗਰਬੈ—ਗਰਬਦਾ ਹੈ, ਅਹੰਕਾਰ ਕਰਦਾ ਹੈ। ਗਰਬੁ—ਅਹੰਕਾਰ। ਖੁਆਈਐ—ਖੁੰਝਿਆ ਫਿਰਦਾ ਹੈ।3।

ਨਾਨਕ—ਹੇ ਨਾਨਕ! ਆਪੇ—ਆਪ ਹੀ। ਮਨਿ—ਮਨ ਵਿਚ। ਪਰਗਾਸੁ—(ਸਹੀ ਜੀਵਨ ਦਾ) ਚਾਨਣ।4।

ਅਰਥ:- (ਹੇ ਭਾਈ!) ਉਹਨਾਂ ਮਨੁੱਖਾਂ ਨੇ ਹੀ ਪਰਮਾਤਮਾ ਦੇ ਨਾਮ ਸਿਮਰਨ ਦਾ ਕਮਾਈ ਕੀਤੀ ਹੈ ਜਿਨ੍ਹਾਂ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ ਇਹ ਕਮਾਈ ਕਰਨ ਦਾ ਲੇਖ ਲਿਖਿਆ ਹੋਇਆ ਹੈ (ਜਿਨ੍ਹਾਂ ਦੇ ਅੰਦਰ ਸਿਮਰਨ ਕਰਨ ਦੇ ਸੰਸਕਾਰ ਮੌਜੂਦ ਹਨ)। ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦੇ ਹਨ ਉਹਨਾਂ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਸੱਦਿਆ ਜਾਂਦਾ ਹੈ (ਆਦਰ ਮਿਲਦਾ ਹੈ)।1। ਰਹਾਉ।

(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੇ ਕੀਮਤੀ ਮਨੁੱਖਾ ਜਨਮ ਹਾਸਲ ਕਰ ਕੇ ਪਰਮਾਤਮਾ ਦਾ ਨਾਮ ਸਿਮਰਿਆ, ਗੁਰੂ ਦੀ ਕਿਰਪਾ ਨਾਲ (ਉਹ ਮਨੁੱਖਾ ਜਨਮ ਦੀ ਕਦਰ) ਸਮਝ ਕੇ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਗਏ।1।

(ਹੇ ਭਾਈ!) ਨਾਮ-ਖ਼ਜ਼ਾਨਾ ਹਰੇਕ ਮਨੁੱਖ ਦੇ ਅੰਦਰ ਮੌਜੂਦ ਹੈ, ਪਰ ਇਹ ਲੱਭਦਾ ਹੈ ਗੁਰੂ ਦੀ ਸਰਨ ਪਿਆਂ। (ਇਸ ਵਾਸਤੇ) ਹਰ ਰੋਜ਼ ਪਰਮਾਤਮਾ ਦਾ ਨਾਮ ਸਿਮਰ ਕੇ (ਆਉ, ਗੁਰੂ ਦੀ ਰਾਹੀਂ) ਪਰਮਾਤਮਾ ਦੇ ਗੁਣ ਗਾਂਦੇ ਰਹੀਏ।2।

(ਹੇ ਭਾਈ!) ਨਾਮ-ਪਦਾਰਥ ਹਰੇਕ ਦੇ ਅੰਦਰ ਹੈ (ਪਰਮਾਤਮਾ ਵਾਲੇ) ਅਨੇਕਾਂ (ਗੁਣ) ਹਰੇਕ ਦੇ ਅੰਦਰ ਹਨ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਕੁਝ ਭੀ ਨਹੀਂ ਲੱਭਦਾ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਆਪਣੀ ਹਉਮੈ ਦੇ ਕਾਰਨ (ਆਪਣੀ ਸੂਝ-ਬੂਝ ਦਾ ਹੀ) ਅਹੰਕਾਰ ਕਰਦਾ ਰਹਿੰਦਾ ਹੈ, (ਤੇ ਇਸ ਤਰ੍ਹਾਂ) ਆਪ ਹੀ (ਪਰਮਾਤਮਾ ਤੋਂ) ਵਿਛੁੜਿਆ ਰਹਿੰਦਾ ਹੈ।3।

ਹੇ ਨਾਨਕ! ਮਨਮੁਖ ਮਨੁੱਖ ਸਦਾ ਆਪ ਹੀ (ਆਪਣੀ ਹੀ ਮਨਮੁਖਤਾ ਦੇ ਕਾਰਨ) ਪਰਮਾਤਮਾ ਤੋਂ ਵਿੱਛੁੜਿਆ ਰਹਿੰਦਾ ਹੈ। ਗੁਰੂ ਦੀ ਮਤਿ ਤੇ ਤੁਰਿਆਂ ਮਨ ਵਿਚ ਚਾਨਣ ਹੋ ਜਾਂਦਾ ਹੈ, ਤੇ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਮਿਲ ਪੈਂਦਾ ਹੈ।4।13। 64।